ਪੋਲਿੰਗ ਸਟੇਸ਼ਨਾਂ ਦੀ ਗਿਣਤੀ 2249, ਮੁੱਢਲੀ ਵੋਟਰ ਸੂਚੀ ’ਚ 18.27 ਲੱਖ ਤੋਂ ਵੱਧ ਵੋਟਰ

ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨਾਂ ਤੇ ਸਕੱਤਰਾਂ ਨਾਲ ਕੀਤੀ ਮੀਟਿੰਗ

ਸਟਾਫ ਰਿਪੋਰਟਰ, ਪੰਜਾਬੀ ਜਾਗਰਣ

ਅੰਮ੍ਰਿਤਸਰ : ਭਾਰਤ ਚੋਣ ਕਮਿਸ਼ਨ ਵੱਲੋਂ ਯੋਗਤਾ ਮਿਤੀ 1 ਜਨਵਰੀ, 2027 ਦੇ ਆਧਾਰ ’ਤੇ ਫੋਟੋ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਸੁਧਾਈ ਦਾ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਅੰਮ੍ਰਿਤਸਰ ਦੀ ਪ੍ਰਧਾਨਗੀ ਹੇਠ ਅੱਜ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਸਕੱਤਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਧੀਕ ਜ਼ਿਲ੍ਹਾ ਚੋਣ ਅਫਸਰ ਕੰਮ ਵਧੀਕ ਡਿਪਟੀ ਕਮਿਸ਼ਨਰ ਜਨਰਲ ਪਲਵੀ ਮਿਸ਼ਰਾ ਅਤੇ ਚੋਣ ਤਹਿਸੀਲਦਾਰ ਰਜਿੰਦਰ ਸਿੰਘ ਵੀ ਹਾਜ਼ਰ ਸਨ। ਮੀਟਿੰਗ ਦੌਰਾਨ ਦੱਸਿਆ ਗਿਆ ਕਿ ਜ਼ਿਲ੍ਹੇ ਦੇ ਸਾਰੇ 11 ਵਿਧਾਨ ਸਭਾ ਚੋਣ ਹਲਕਿਆਂ ਦੀ ਮੁੱਢਲੀ ਫੋਟੋ ਵੋਟਰ ਸੂਚੀ ਅੱਜ 12 ਨਵੰਬਰ, 2026 ਨੂੰ ਪ੍ਰਕਾਸ਼ਿਤ ਕਰ ਦਿੱਤੀ ਗਈ ਹੈ। ਇਹ ਸੂਚੀ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਅਤੇ ਸਬੰਧਤ ਬੂਥ ਲੈਵਲ ਅਫ਼ਸਰਾਂ (ਬੀਐੱਲਓ) ਕੋਲ ਜਾਂਚ ਲਈ ਉਪਲਬਧ ਹੈ। ਇਸ ਤੋਂ ਇਲਾਵਾ ਵੋਟਰ ਸੂਚੀ ਮੁੱਖ ਚੋਣ ਅਫ਼ਸਰ, ਪੰਜਾਬ ਦੀ ਵੈੱਬਸਾਈਟ ਅਤੇ ਜ਼ਿਲ੍ਹੇ ਦੀ ਵੈੱਬਸਾਈਟ ’ਤੇ ਵੀ ਦੇਖੀ ਜਾ ਸਕਦੀ ਹੈ। ਇਸ ਮੌਕੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਮੁੱਢਲੀ ਵੋਟਰ ਸੂਚੀ ਦੀ ਹਾਰਡ ਕਾਪੀ ਅਤੇ ਬਿਨਾਂ ਫੋਟੋ ਵਾਲੀ ਸਾਫਟ ਕਾਪੀ ਵੀ ਮੁਹੱਈਆ ਕਰਵਾਈ ਗਈ। ਉਨ੍ਹਾਂ ਦੱਸਿਆ ਕਿ ਮੁੱਢਲੀ ਵੋਟਰ ਸੂਚੀ ਸਬੰਧੀ ਦਾਅਵੇ ਅਤੇ ਇਤਰਾਜ਼ 12 ਨਵੰਬਰ ਤੋਂ 11 ਦਸੰਬਰ, 2026 ਤੱਕ ਪ੍ਰਾਪਤ ਕੀਤੇ ਜਾਣਗੇ। ਜਿਨ੍ਹਾਂ ਯੋਗ ਨਾਗਰਿਕਾਂ ਦੀ ਅਜੇ ਤੱਕ ਵੋਟ ਨਹੀਂ ਬਣੀ, ਉਹ ਫਾਰਮ ਨੰਬਰ 6 ਭਰ ਕੇ ਆਪਣੀ ਵੋਟ ਬਣਵਾ ਸਕਦੇ ਹਨ। ਵੋਟਰ



ਮੀਟਿੰਗ ਦੌਰਾਨ ਵਧੀਕ ਜ਼ਿਲ੍ਹਾ ਚੋਣ ਅਫਸਰ ਕੰਮ ਵਧੀਕ ਡਿਪਟੀ ਕਮਿਸ਼ਨਰ ਜਨਰਲ ਪਲਵੀ ਮਿਸ਼ਰਾ ਨਾਲ ਚੋਣ ਤਹਿਸੀਲਦਾਰ ਰਜਿੰਦਰ ਸਿੰਘ ਅਤੇ ਹੋਰ।

ਸੂਚੀ ਵਿੱਚ ਦਰਜ ਵੇਰਵਿਆਂ ਦੀ ਸੋਧ ਲਈ ਫਾਰਮ ਨੰਬਰ 8 ਅਤੇ ਵੋਟ ਕਟਵਾਉਣ ਲਈ ਫਾਰਮ ਨੰਬਰ 7 ਭਰਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ 14 ਨਵੰਬਰ (ਸ਼ਨੀਵਾਰ), 15 ਨਵੰਬਰ (ਐਤਵਾਰ) ਅਤੇ 29 ਨਵੰਬਰ (ਐਤਵਾਰ), 2026 ਨੂੰ ਵਿਸ਼ੇਸ਼ ਮੁਹਿੰਮ ਵਾਲੇ ਦਿਨ ਨਿਰਧਾਰਤ ਕੀਤੇ ਗਏ ਹਨ। ਇਨ੍ਹਾਂ ਦਿਨਾਂ ਦੌਰਾਨ ਸਾਰੇ ਬੂਥ ਲੈਵਲ ਅਫ਼ਸਰ ਆਪਣੇ-ਆਪਣੇ ਪੋਲਿੰਗ ਬੂਥਾਂ ’ਤੇ ਹਾਜ਼ਰ ਰਹਿਣਗੇ ਅਤੇ ਯੋਗ ਨਾਗਰਿਕਾਂ ਪਾਸੋਂ ਦਾਅਵੇ ਤੇ ਇਤਰਾਜ਼ ਪ੍ਰਾਪਤ ਕਰਨਗੇ। ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਦਸੰਬਰ, 2026 ਤੱਕ ਕੀਤਾ ਜਾਵੇਗਾ, ਜਦਕਿ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 4 ਜਨਵਰੀ, 2027 ਨੂੰ ਹੋਵੇਗੀ। ਮੀਟਿੰਗ ਦੌਰਾਨ ਵਧੀਕ ਜ਼ਿਲ੍ਹਾ ਚੋਣ ਅਧਿਕਾਰੀ ਪਲਵੀ ਮਿਸ਼ਰਾ ਨੇ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੋਲਿੰਗ ਸਟੇਸ਼ਨਾਂ ਦੀ ਤਰਕਸੰਗਤ ਪੁਨਰ-ਵਿਵਸਥਾ (ਰੇਸ਼ਨਲਾਈਜ਼ੇਸ਼ਨ) ਉਪਰੰਤ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 2240 ਤੋਂ ਵਧ ਕੇ 2249 ਹੋ ਗਈ ਹੈ। ਜ਼ਿਲ੍ਹੇ ਦੀ ਮੁੱਢਲੀ ਵੋਟਰ ਸੂਚੀ ਵਿੱਚ ਕੁੱਲ 18,27,300 ਵੋਟਰ ਦਰਜ ਹਨ, ਜਿਨ੍ਹਾਂ ਵਿੱਚ 9,40,749 ਪੁਰਸ਼, 8,86,503 ਮਹਿਲਾ ਅਤੇ 48 ਤੀਜੇ ਲਿੰਗ ਦੇ ਵੋਟਰ ਸ਼ਾਮਲ ਹਨ। ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਮੁੱਢਲੀ ਵੋਟਰ ਸੂਚੀ ਦੀ ਬਾਰੀਕੀ ਨਾਲ ਜਾਂਚ ਯਕੀਨੀ ਬਣਾਉਣ। ਖ਼ਾਸ ਤੌਰ ’ਤੇ ਹਰੇਕ ਹਲਕੇ ਦੇ ਭਾਗਾਂ, ਸੈਕਸ਼ਨਾਂ, ਪੋਲਿੰਗ ਸਟੇਸ਼ਨਾਂ ਅਤੇ ਪਿੰਡਾਂ ਆਦਿ ਦੇ ਨਾਵਾਂ ਦੀ ਤਸਦੀਕ ਕੀਤੀ ਜਾਵੇ। ਇਸ ਦੇ ਨਾਲ ਹੀ ਮੌਜੂਦਾ ਅਤੇ ਸਾਬਕਾ ਸੰਸਦ ਮੈਂਬਰਾਂ, ਵਿਧਾਇਕਾਂ, ਰਾਜ ਸਭਾ ਮੈਂਬਰਾਂ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦੀਆਂ ਵੋਟਾਂ ਦੀ ਵੀ ਜਾਂਚ ਕੀਤੀ ਜਾਵੇ, ਤਾਂ ਜੋ ਕੋਈ ਵੀ ਯੋਗ ਵੋਟਰ ਵੋਟਰ ਸੂਚੀ ਵਿੱਚ ਦਰਜ ਹੋਣ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਰਾਜਨੀਤਿਕ ਪਾਰਟੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਆਪਣੇ ਵੱਲੋਂ ਨਿਯੁਕਤ ਬੂਥ ਲੈਵਲ ਏਜੰਟਾਂ ਨੂੰ ਇਸ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਬੂਥ ਲੈਵਲ ਅਫ਼ਸਰਾਂ (ਬੀਐੱਲਓ) ਨੂੰ ਪੂਰਨ ਸਹਿਯੋਗ ਦੇਣ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਸਾਰੀਆਂ ਧਿਰਾਂ ਦੇ ਸਾਂਝੇ ਸਹਿਯੋਗ ਨਾਲ ਇਸ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕਦਾ ਹੈ, ਤਾਂ ਜੋ ਕੋਈ ਵੀ ਯੋਗ ਨਾਗਰਿਕ ਵੋਟਰ ਵਜੋਂ ਰਜਿਸਟਰ ਹੋਣ ਤੋਂ ਵਾਂਝਾ ਨਾ ਰਹੇ। ਅਖੀਰ ਵਿੱਚ ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਰ ਸੂਚੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਹਾਇਤਾ ਲਈ ਟੋਲ-ਫ੍ਰੀ ਨੰਬਰ 1950 ’ਤੇ ਸੰਪਰਕ ਕੀਤਾ ਜਾ ਸਕਦਾ ਹੈ।

ਫੁੱਟਬਾਲ ਦੇ ਦੂਜੇ ਦਿਨ ਹੋਏ ਰੌਚਕ ਤੇ ਸੰਘਰਸ਼ਪੂਰਨ ਮੁਕਾਬਲੇ

ਪੱਤਰ ਪ੍ਰੇਰਕ, ਪੰਜਾਬੀ ਜਾਗਰਣ

ਅੰਮ੍ਰਿਤਸਰ : ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਫੁੱਟਬਾਲ ਮੈਦਾਨ ਵਿਖੇ ਚੱਲ ਰਹੇ ਪੁਰਸ਼ ਵਰਗ ਦੇ ਇੰਟਰਕਾਲਜ ਫੁੱਟਬਾਲ ਮੁਕਾਬਲਿਆਂ ਦੇ ਦੂਜੇ ਦਿਨ ਬੜੇ ਹੀ ਰੌਚਕ ਤੇ ਸੰਘਰਸ਼ਪੂਰਨ ਮੁਕਾਬਲੇ ਵੇਖਣ ਨੂੰ ਮਿਲੇ। ਦੂਜੇ ਦਿਨ ਦੀਆਂ ਇਨ੍ਹਾਂ ਪ੍ਰਤੀਯੋਗਤਾਵਾਂ ਦਾ ਸ਼ੁਭ ਆਰੰਭ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸ਼ਰੀਰਿਕ ਸਿੱਖਿਆ ਵਿਭਾਗ ਦੇ ਮੁੱਖੀ ਪ੍ਰੋ. ਡਾ. ਬਲਜਿੰਦਰ ਸਿੰਘ ਬੱਲ ਨੇ ਖਿਡਾਰੀਆਂ ਨਾਲ ਜਾਣ-ਪਛਾਣ ਕਰਕੇ ਕੀਤਾ। ਵੀਸੀ ਪ੍ਰੋ. ਡਾ. ਕਰਮਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਡਾਇਰੈਕਟਰ ਸਪੋਰਟਸ ਡਾ. ਕੰਵਰ ਮਨਦੀਪ ਸਿੰਘ ਜਿੰਮੀ ਢਿੱਲੋਂ ਦੇ ਬੇਹਤਰ ਪ੍ਰਬੰਧਾਂ ਅਤੇ ਇੰਚਾਰਜ ਕੋਚ ਪ੍ਰਦੀਪ ਕੁਮਾਰ ਦੀ ਨਿਗਰਾਨੀ ਹੇਠ ਪਹਿਲਾ ਮੁਕਾਬਲਾ ਖਾਲਸਾ ਕਾਲਜ ਮੇਨ ਅੰਮ੍ਰਿਤਸਰ ਅਤੇ ਗੁਰੂ ਨਾਨਕ ਖਾਲਸਾ ਕਾਲਜ ਫਗਵਾੜਾ ਕਪੂਰਥਲਾ ਦੀਆਂ ਟੀਮਾਂ ਦੇ ਵਿਚਕਾਰ ਹੋਇਆ। ਜਿਸ ਦੌਰਾਨ ਦੋਨੋਂ ਟੀਮਾਂ ਨੇ ਖੂਬ ਕਸ਼ਮਕਸ਼ ਦਿਖਾਈ। ਪਰ ਇਸ ਮੌਕੇ ਖਾਲਸਾ ਕਾਲਜ ਮੇਨ ਅੰਮ੍ਰਿਤਸਰ ਦੀ ਟੀਮ ਆਪਣੀ ਵਿਰੋਧੀ ਗੁਰੂ ਨਾਨਕ ਖਾਲਸਾ ਕਾਲਜ ਫਗਵਾੜਾ ਕਪੂਰਥਲਾ ਦੀ ਟੀਮ ਨੂੰ 0 ਦੇ ਮੁਕਾਬਲੇ 1 ਗੋਲ ਦੇ ਫਰਕ ਨਾਲ ਹਰਾ ਕੇ ਜੇਤੂ ਰਹੀ। ਦੂਸਰੇ ਮੁਕਾਬਲੇ ਦੌਰਾਨ ਲਾਇਲਪੁਰ ਖਾਲਸਾ ਕਾਲਜ ਜਲੰਧਰ ਤੇ ਡੀਏਵੀ ਕਾਲਜ ਜਲੰਧਰ ਦੀਆਂ ਟੀਮਾਂ ਦੇ ਵਿਚਕਾਰ ਖੂਬ ਦਿਲਚਸਪ ਘਮਸਾਨ ਵੇਖਣ ਨੂੰ ਮਿਲਿਆ।


ਇਕੱਤਰਤਾ ਦੀ ਪ੍ਰਧਾਨਗੀ ਕਰਦੇ ਹੋਏ ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ ਤੇ ਮੌਜੂਦ ਮੈਂਬਰ।

ਦੀਵਾਨ ਵੱਲੋਂ ਸਿੱਖ ਵਿੱਦਿਅਕ ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਇਕੱਤਰਤਾ

ਅੰਮ੍ਰਿਤਪਾਲ ਸਿੰਘ, ਪੰਜਾਬੀ ਜਾਗਰਣ

ਅੰਮ੍ਰਿਤਸਰ : ਚੀਫ ਖਾਲਸਾ ਦੀਵਾਨ ਐਜੂਕੇਸ਼ਨਲ ਕਮੇਟੀ ਵੱਲੋਂ 19, 20 ਅਤੇ 21 ਨਵੰਬਰ ਨੂੰ ਬਟਾਲਾ ਵਿਖੇ ਕਰਵਾਈ ਜਾ ਰਹੀ 69ਵੀਂ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਦੀਵਾਨ ਦੇ ਮੁੱਖ ਦਫਤਰ ਵਿਖੇ ਇਕੱਤਰਤਾ ਕੀਤੀ ਗਈ। ਜਿਸ ਦੀ ਪ੍ਰਧਾਨਗੀ ਦੀਵਾਨ ਦੇ ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ ਵੱਲੋਂ ਕੀਤੀ ਗਈ ਅਤੇ ਮੀਟਿੰਗ ਦੇ ਏਜੰਡੇ ਐਜੂਕੇਸ਼ਨਲ ਕਮੇਟੀ ਦੇ ਆਨਰੇਰੀ ਸਕੱਤਰ ਡਾ. ਸਰਬਜੀਤ ਸਿੰਘ ਛੀਨਾ ਵੱਲੋਂ ਪੜ੍ਹੇ ਗਏ। ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਝਰ ਦੇ ਦਿਸ਼ਾ ਨਿਰਦੇਸ਼ਾ ਹੇਠ ਇਕੱਤਰਤਾ ਵਿਚ ਮੀਤ ਪ੍ਰਧਾਨ ਤੇ ਕਾਨਫਰੰਸ ਦੀ ਸੁਆਗਤੀ ਕਮੇਟੀ ਦੇ ਚੇਅਰਮੈਨ ਸੰਤੋਖ ਸਿੰਘ ਸੇਠੀ ਨੇ ਤਿੰਨ ਦਿਨਾਂ ਪ੍ਰੋਗਰਾਮਾਂ ਦੇ ਵੇਰਵੇ ਸਾਂਝੇ ਕੀਤੇ। ਆਨਰੇਰੀ ਸਕੱਤਰ ਰਮਣੀਕ ਸਿੰਘ ਨੇ ਕਾਨਫਰੰਸ ਦੇ ਪ੍ਰਬੰਧਾਂ ਨੂੰ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪੜੇ ਚਾੜਨ ਲਈ ਆਪਸੀ ਤਾਲਮੇਲ ਅਤੇ ਸਹਿਯੋਗ ਨਾਲ ਕੰਮ ਕਰਨ ਦੀ ਲੋੜ ਤੇ ਜ਼ੋਰ ਦਿੱਤਾ। ਡਾ. ਸਰਬਜੀਤ ਸਿੰਘ ਛੀਨਾ ਨੇ ਕਿਹਾ ਕਿ ਆਧੁਨਿਕ ਸਾਧਨਾਂ ਰਾਹੀਂ ਗਿਆਨ ਦੀ ਰੋਸ਼ਨੀ ਵਿਚ ਕਰਵਾਈ ਜਾ ਰਹੀ ਕਾਨਫਰੰਸ ਵਿੱਦਿਅਕ ਖੇਤਰ ਵਿਚ ਨਵੀਆਂ ਸੰਭਾਵਨਾਵਾਂ ਦੀ ਖੋਜ ਅਤੇ ਵਿੱਦਿਅਕ ਮਿਆਰ ਨੂੰ ਉਪਰ ਚੁੱਕਣ ਲਈ ਇਕ ਮਹੱਤਵਪੂਰਨ ਮੰਚ ਹੈ। ਇਕੱਤਰਤਾ ਵਿਚ ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਜਸਪਾਲ ਸਿੰਘ ਢਿੱਲੋਂ, ਡਾ. ਸਰਬਜੀਤ ਸਿੰਘ ਛੀਨਾ, ਪ੍ਰੋ. ਸੁਖਬੀਰ ਸਿੰਘ, ਡਾ. ਆਤਮਜੀਤ ਸਿੰਘ ਬਸਰਾ, ਜਗੀਰ ਸਿੰਘ, ਕਮਲਜੀਤ ਸਿੰਘ ਕੋਹਲੀ, ਸਰਜੋਤ ਸਿੰਘ ਸਾਹਨੀ, ਰਬਿੰਦਰਬੀਰ ਸਿੰਘ ਭੱਲਾ, ਪ੍ਰੋ. ਭੁਪਿੰਦਰ ਸਿੰਘ, ਅਜਾਇਬ ਸਿੰਘ ਅਭਿਆਸੀ, ਡਾ. ਏਪੀਐਸ ਚਾਵਲਾ, ਉਰਮਿੰਦਰ ਕੌਰ, ਯਸ਼ਪ੍ਰੀਤ ਕੌਰ, ਪ੍ਰਿੰਸੀਪਲ ਹਰਮੀਤ ਕੌਰ ਆਦਿ ਮੌਜੂਦ ਸਨ।


ਕਬੱਡੀ ਖਿਡਾਰੀ ਅੰਮ੍ਰਿਤਪਾਲ ਸਿੰਘ ਅੰਬਾ ਸੁਰਸਿੰਘ ਨੂੰ ਸਾਥੀਆਂ ਸਮੇਤ ਪਾਰਟੀ ਵਿਚ ਸ਼ਾਮਲ ਕਰਨ ਮੌਕੇ ਅਹੁਦੇਦਾਰ●ਪੰਜਾਬੀ ਜਾਗਰਣ

ਅੰਬਾ ਸੁਰਸਿੰਘ ਸਾਥੀਆਂ ਸਣੇ ਅਕਾਲੀ ਦਲ ਵਾਰਿਸ ਪੰਜਾਬ ’ਚ

ਅੰਮ੍ਰਿਤਪਾਲ ਸਿੰਘ● ਪੰਜਾਬੀ ਜਾਗਰਣ

ਅੰਮ੍ਰਿਤਸਰ : ਅਕਾਲੀ ਦਲ ਵਾਰਿਸ ਪੰਜਾਬ ਦੇ ਵਿਚ ਇੰਟਰਨੈਸ਼ਨਲ ਕਬੱਡੀ ਖਿਡਾਰੀ ਅੰਮ੍ਰਿਤਪਾਲ ਸਿੰਘ ਅੰਬਾ ਸੁਰਸਿੰਘ ਆਪਣੇ ਸਾਥੀਆਂ ਪਾਰਟੀ ਵਿਚ ਸ਼ਾਮਲ ਹੋ ਗਏ। ਇਸ ਮੌਕੇ ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਸੁਖਵਿੰਦਰ ਸਿੰਘ ਅਗਵਾਨ ਅਤੇ ਪ੍ਰਗਟ ਸਿੰਘ ਸੰਧੂ ਦੀ ਅਗਵਾਈ ਹੇਠ ਅੰਮ੍ਰਿਤਪਾਲ ਸਿੰਘ ਅੰਬਾ ਸੁਰਸਿੰਘ, ਰਣਜੀਤ ਸਿੰਘ ਰਾਣਾ ਵੰਝ ਅਤੇ ਸਾਥੀਆਂ ਦਾ ਪਾਰਟੀ ਵਿਚ ਸਵਾਗਤ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਕਿਹਾ ਕਿ ਅੰਮ੍ਰਿਤਪਾਲ ਸਿੰਘ ਅੰਬਾ ਵਰਗੇ ਕੌਮ ਅਤੇ ਪੰਜਾਬ ਦਾ ਨਾਮ ਖੇਡ ਜਗਤ ਵਿਚ ਰੌਸ਼ਨ ਕਰਨ ਵਾਲੇ ਨੌਜੁਵਾਨਾਂ ਦਾ ਪਾਰਟੀ ਦੇ ਨਾਲ ਜੁੜਨਾ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਪਾਰਟੀ ਦੀ ਸੋਚ ਅਤੇ ਪੰਜਾਬ ਪ੍ਰਤੀ ਵਚਨਬੱਧਤਾ ਨੂੰ ਸਮਾਜ ਦੇ ਵੱਖ-ਵੱਖ ਵਰਗਾਂ ਵੱਲੋਂ ਭਰਪੂਰ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦਾ ਮਕਸਦ ਸਿਰਫ ਸੱਤਾ ਹਾਸਲ ਕਰਨਾ ਨਹੀਂ, ਸਗੋਂ ਪੰਜਾਬ ਦੇ ਹੱਕਾਂ, ਪੰਜਾਬੀਅਤ, ਨੌਜਵਾਨਾਂ ਦੇ ਭਵਿੱਖ, ਨਸ਼ਿਆਂ ਦੇ ਖਾਤਮੇ, ਪੰਜਾਬ ਦੇ ਪਾਣੀਆਂ ਦੀ ਰਾਖੀ ਅਤੇ ਇਨਸਾਫ਼ ਲਈ ਮਜ਼ਬੂਤ ਆਵਾਜ਼ ਬੁਲੰਦ ਕਰਨਾ ਹੈ। ਇਸ ਮੌਕੇ ਐਡਵੋਕੇਟ ਹਰਜੋਤ ਸਿੰਘ ਮਾਨ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਮਨਜੀਤ ਸਿੰਘ ਨਵਾਂਪਿੰਡ, ਦਿਲਸ਼ੇਰ ਸਿੰਘ ਆਦਿ ਮੌਜੂਦ ਸਨ।

ਅਮਨਦੀਪ ਉਜਾਲਾ ਸਿਗਨਸ ਹਸਪਤਾਲ ਦੇ ਵੱਡੇ ਉਪਰਾਲੇ ਨਾਲ ‘ਪੰਜਾਬ ਨੀਅ ਐਂਡ ਹਿੱਪ ਕਾਨਫਰੰਸ’ 14-15 ਨੂੰ

ਗੁਰਜਿੰਦਰ ਮਾਹਲ, ਪੰਜਾਬੀ ਜਾਗਰਣ

ਅੰਮ੍ਰਿਤਸਰ : ਅੰਮ੍ਰਿਤਸਰ ਵਿਖੇ ਤੀਜੀ ਪੰਜਾਬ ਨੀ ਐਂਡ ਹਿੱਪ ਕਾਨਫਰੰਸ ਡਬਲ ਸੀਓਆਈ 14 ਅਤੇ 15 ਨਵੰਬਰ 2026 ਨੂੰ ਜਾ ਰਹੀ ਹੈ। ਇਸ ਦੋ ਰੋਜ਼ਾ ਅਕਾਦਮਿਕ ਕਾਨਫਰੰਸ ਵਿੱਚ ਭਾਰਤ ਦੇ ਪ੍ਰਮੁੱਖ ਹੱਡੀਆਂ ਦੇ ਸਰਜਨ, ਜੋੜ ਬਦਲਣ ਦੇ ਮਾਹਿਰ ਅਤੇ ਕੌਮਾਂਤਰੀ ਪੱਧਰ ਦੇ ਵਿਸ਼ੇਸ਼ ਡਾਕਟਰ ਸ਼ਾਮਲ ਹੋਣਗੇ। ਇਸ ਦੌਰਾਨ ਗੋਡਿਆਂ ਅਤੇ ਚੂਲ੍ਹਿਆਂ ਦੇ ਜੋੜ ਬਦਲਣ ਵਾਲੀ ਸਰਜਰੀ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਤਰੱਕੀਆਂ ਅਤੇ ਆਧੁਨਿਕ ਤਕਨੀਕਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।ਇਸ ਕਾਨਫਰੰਸ ਦਾ ਆਯੋਜਨ ਅਮਨਦੀਪ ਉਜਾਲਾ ਸਿਗਨਸ ਹਸਪਤਾਲ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ। ਐਸੋਸੀਏਸ਼ਨ ਅਤੇ ਨਿਊਰਾਰਕ ਸਥਿਤ ਹਸਪਤਾਲ ਫਾਰ ਸਪੈਸ਼ਲ ਸਰਜਰੀ ਇਸ ਕਾਨਫਰੰਸ ਦੇ ਸਹਿਯੋਗੀ ਭਾਈਵਾਲ ਹਨ। ਇਸ ਕਾਨਫਰੰਸ ਦਾ ਮੁੱਖ ਮਕਸਦ ਡਾਕਟਰੀ ਖੇਤਰ ਵਿੱਚ ਨਵੇਂ ਗਿਆਨ ਦਾ ਆਦਾਨ-ਪ੍ਰਦਾਨ ਕਰਨਾ, ਇਲਾਜ ਨਾਲ ਜੁੜੇ ਅਹਿਮ ਮੁੱਦਿਆਂ 'ਤੇ ਚਰਚਾ ਕਰਨਾ ਅਤੇ ਜੋੜ ਬਦਲਣ ਦੇ ਆਧੁਨਿਕ ਤਰੀਕਿਆਂ ਬਾਰੇ ਆਪਣੇ ਤਜਰਬੇ ਸਾਂਝੇ ਕਰਨ ਲਈ ਇੱਕ ਮੰਚ ਮੁਹੱਈਆ ਕਰਵਾਉਣਾ ਹੈ। ਹਸਪਤਾਲ ਦੇ ਡਾਇਰੈਕਟਰ ਅਤੇ ਚੀਫ ਆਰਥੋਪੈਡਿਕ ਸਰਜਨ ਡਾਕਟਰ ਅਵਤਾਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਨ੍ਹਾਂ ਵਿੱਚ ਸਰਜਰੀ ਦੀਆਂ ਨਵੀਆਂ ਤਕਨੀਕਾਂ, ਆਧੁਨਿਕ ਮੈਡੀਕਲ ਸਹੂਲਤਾਂ, ਰੋਬੋਟ ਦੀ ਮਦਦ ਨਾਲ ਜੋੜ ਬਦਲਣ ਦੇ ਆਪਰੇਸ਼ਨ ਅਤੇ ਮਰੀਜ਼ਾਂ ਨੂੰ ਬਿਹਤਰ ਇਲਾਜ ਦੇਣ ਵਰਗੇ ਵਿਸ਼ਿਆਂ 'ਤੇ ਖ਼ਾਸ ਧਿਆਨ ਦਿੱਤਾ ਜਾਵੇਗਾ। ਇਸ ਤੋਂ ਇਲਾਵਾ, ਪੇਪਰ ਅਤੇ ਪੋਸਟਰ ਪੇਸ਼ਕਾਰੀਆਂ ਰਾਹੀਂ ਨੌਜਵਾਨ ਹੱਡੀਆਂ ਦੇ